# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :20-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸੰਸਦ ਦੇ ਮਾਨਸੂਨ ਇਜਲਾਸ ਦੇ ਪਹਿਲੇ ਦਿਨ, NEET ਪ੍ਰੀਖਿਆ ਪੇਪਰ ਲੀਕ ਨੂੰ ਲੈ ਕੇ ਵਿਰੋਧੀ ਧਿਰ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਦੋਵਾਂ ਸਦਨਾਂ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕੀਤੀ ਗਈ।
- ਚੰਡੀਗੜ੍ਹ ਸਿਟੀਜ਼ਨਜ਼ ਫਾਊਂਡੇਸ਼ਨ ਵਲੋਂ ਇੱਕ ਹਫ਼ਤਾ ਭਰ ਚੱਲਣ ਵਾਲੇ ਕਾਰਗਿਲ ਵਿਜੇ ਦਿਵਸ ਸਮਾਰੋਹ ਦੀ ਸ਼ੁਰੂਆਤ- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨੌਜਵਾਨਾਂ ਨੂੰ, ਹਥਿਆਰਬੰਦ ਸੈਨਾਵਾਂ ਦੀ ਹਿੰਮਤ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਬੀਤੀ ਦੀਨੇ ਸ਼ੁਰੂ ਕੀਤੀ ਗਈ, ਅੰਮ੍ਰਿਤਸਰ-ਵਾਰਾਣਸੀ ਐਕਸਪ੍ਰੈਸ ਰੇਲਗੱਡੀ ਨੇ ਕੱਲ੍ਹ ਤੋਂ ਹਫ਼ਤੇ ਵਿੱਚ ਤਿੰਨ ਵਾਰ ਆਪਣੀ ਨਿਯਮਤ ਸੇਵਾ ਸ਼ੁਰੂ ਕੀਤੀ।

- ਪੰਜਾਬ ਪੁਲਿਸ ਵਲੋਂ ਸੂਬੇ 'ਚ ਹੋਈ ਫਾਰਮਾਸਿਸਟ ਅਫਸਰ ਭਰਤੀ ਪ੍ਰੀਖਿਆ ਦੌਰਾਨ ਇੱਕ ਵੱਡੇ ਹਾਈ-ਟੈਕ ਅੰਤਰ-ਰਾਜੀ ਧੋਖਾਧੜੀ ਦੇ ਘੁਟਾਲੇ ਦਾ ਪਰਦਾਫਾਸ਼- 7 ਮੁੱਖ ਸਾਜ਼ਿਸ਼ਕਾਰਾਂ ਅਤੇ 28 ਉਮੀਦਵਾਰਾਂ ਨੂੰ ਕੀਤਾ ਗ੍ਰਿਫ਼ਤਾਰ I
- ਮੌਸਮ ਵਿਭਾਗ ਨੇ ਪੰਜਾਬ ਤੇ ਹਰਿਆਣਾ ਵਿੱਚ ਭਾਰੀ ਮੀਂਹ ਪੈਣ ਬਾਰੇ ਓਰੇਂਜ ਅਲਰਟ ਜਾਰੀ ਕੀਤਾ- ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ, ਮੋਹਾਲੀ ਅਤੇ ਆਨੰਦਪੁਰ ਸਾਹਿਬ ਸਭ ਤੋਂ ਵੱਧ ਪ੍ਰਭਾਵਿਤ ਹੋਏ I

---------------------------------------------------------------------

ਸੰਸਦ ਦੇ ਮਾਨਸੂਨ ਇਜਲਾਸ ਦੇ ਪਹਿਲੇ ਦਿਨ, NEET ਪ੍ਰੀਖਿਆ ਪੇਪਰ ਲੀਕ ਨੂੰ ਲੈ ਕੇ ਵਿਰੋਧੀ ਧਿਰ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਕਈ ਵਾਰ ਮੁਲਤਵੀ ਕੀਤੇ ਜਾਣ ਤੋਂ ਬਾਅਦ ਦੋਵਾਂ ਸਦਨਾਂ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕਰ ਦਿੱਤੀ ਗਈ। ਅੱਜ ਸਵੇਰੇ ਜਦੋਂ ਲੋਕ ਸਭਾ ਦੀ ਕਾਰਵਾਈ ਸ਼ੁਰੂ ਹੋਈ, ਤਾਂ ਮੈਂਬਰਾਂ ਨੇ ਆਪਣੇ 6 ਸਾਬਕਾ ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਜਿਨ੍ਹਾਂ ਦਾ ਹਾਲ ਹੀ ਵਿੱਚ ਦੇਹਾਂਤ ਹੋ ਗਿਆ ਸੀ। ਲੋਕ ਸਭਾ ਵਿੱਚ ਪ੍ਰਸ਼ਨ ਕਾਲ ਸ਼ੁਰੂ ਹੁੰਦਿਆਂ ਹੀ, ਕਾਂਗਰਸ, ਸਮਾਜਵਾਦੀ ਪਾਰਟੀ ਸਮੇਤ ਵਿਰੋਧੀ ਧਿਰ ਦੇ ਮੈਂਬਰਾਂ ਨੇ, NEET ਪ੍ਰੀਖਿਆ ਪੇਪਰ ਲੀਕ ਦਾ ਮੁੱਦਾ ਉਠਾਇਆ। ਲੋਕ ਸਭਾ ਸਪੀਕਰ ਓਮ ਬਿਰਲਾ ਨੇ

ਵਿਰੋਧੀ ਧਿਰ ਨੂੰ ਸਦਨ ਦੀ ਕਾਰਵਾਈ ਚੱਲਣ ਦੇਣ ਅਤੇ ਸਦਨ ਦੀ ਮਰਿਆਦਾ ਬਣਾਈ ਰੱਖਣ ਦੀ ਅਪੀਲ ਕੀਤੀ। ਹਾਲਾਂਕਿ, ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਹੰਗਾਮਾ ਜਾਰੀ ਰਿਹਾ ਅਤੇ ਰੌਲੇ-ਰੱਪੇ ਕਾਰਨ, ਸਦਨ ਦੀ ਕਾਰਵਾਈ ਕੱਲ ਤੱਕ ਮੁਲਤਵੀ ਕਰ ਦਿੱਤੀ ਗਈ। ਓਧਰ ਰਾਜ ਸਭਾ ਦੇ ਉਪ ਸਭਾਪਤੀ ਹਰੀਵੰਸ਼ ਨੇ ਨਿਰਧਾਰਤ ਏਜੰਡੇ ਨਾਲ ਅੱਗੇ ਵਧਣ ਦੀ ਕੋਸ਼ਿਸ਼ ਕੀਤੀ, ਪਰ ਵਿਰੋਧੀ ਧਿਰ ਦੇ ਮੈਂਬਰਾਂ ਨੇ ਨਾਅਰੇਬਾਜ਼ੀ ਕਰਕੇ ਆਪਣਾ ਵਿਰੋਧ ਜਾਰੀ ਰੱਖਿਆ। ਹੰਗਾਮੇ ਵਿਚਕਾਰ, ਰਾਜ ਸਭਾ ਨੂੰ ਵੀ ਕੱਲ੍ਹ ਤੱਕ ਮੁਲਤਵੀ ਕਰ ਦਿੱਤਾ ਗਿਆ।

---

ਚੰਡੀਗੜ੍ਹ ਸਿਟੀਜ਼ਨਜ਼ ਫਾਊਂਡੇਸ਼ਨ, 1999 ਦੀ ਕਾਰਗਿਲ ਜੰਗ ਵਿੱਚ ਭਾਰਤ ਦੀ ਜਿੱਤ ਪ੍ਰਾਪਤ ਕਰਨ ਵਾਲੇ ਸੈਨਿਕਾਂ ਦੀ ਹਿੰਮਤ, ਕੁਰਬਾਨੀ ਅਤੇ ਦੇਸ਼ ਭਗਤੀ ਦਾ ਸਨਮਾਨ ਕਰਨ ਲਈ, ਇੱਕ ਹਫ਼ਤਾ ਭਰ ਚੱਲਣ ਵਾਲਾ ਕਾਰਗਿਲ ਵਿਜੇ ਦਿਵਸ ਸਮਾਰੋਹ ਆਯੋਜਿਤ ਕਰ ਰਿਹਾ ਏ । ਅੱਜ ਚੰਡੀਗੜ੍ਹ ਸਥਿਤ ਟੈਗੋਰ ਥੀਏਟਰ ਵਿਖੇ ਪ੍ਰੋਗਰਾਮ ਦਾ ਉਦਘਾਟਨ ਕਰਦੇ ਹੋਏ, ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਕਾਰਗਿਲ ਵਿਜੇ ਦਿਵਸ, ਭਾਰਤ ਦੀ ਹਿੰਮਤ, ਰਾਸ਼ਟਰੀ ਸਵੈਮਾਣ ਅਤੇ ਇਸਦੇ ਜਵਾਨਾਂ ਦੀ ਸਰਵਉੱਚ ਕੁਰਬਾਨੀ ਦਾ ਪ੍ਰਤੀਕ ਏ । ਉਨ੍ਹਾਂ ਕਿਹਾ ਕਿ ਰਾਸ਼ਟਰ

ਹਮੇਸ਼ਾ ਸਭ ਤੋਂ ਚੁਣੌਤੀਪੂਰਨ ਹਾਲਾਤ ਵਿੱਚ ਆਪਣੀ ਪ੍ਰਭੂਸੱਤਾ ਦੀ ਰੱਖਿਆ ਲਈ ਹਥਿਆਰਬੰਦ ਸੈਨਾਵਾਂ ਦਾ ਰਿਣੀ ਰਹੇਗਾ।

BYTE:RNU200726

ਉਨ੍ਹਾਂ ਕਿਹਾ ਕਿ ਕਾਰਗਿਲ ਨਾਇਕਾਂ, ਵੀਰ ਨਾਰੀਆਂ ਅਤੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕਰਨਾ ਬਹੁਤ ਸਨਮਾਨ ਦੀ ਗੱਲ ਏ, ਉਨ੍ਹਾਂ ਕਿਹਾ ਕਿ ਜਵਾਨਾਂ ਨੂੰ ਉਨ੍ਹਾਂ ਦੇ ਜੰਗ ਸਮੇਂ ਦੇ ਤਜ਼ਰਬਿਆਂ ਨੂੰ ਸੁਣ ਕੇ ਹਰ ਭਾਰਤੀ ਨੂੰ ਮਾਣ ਮਹਿਸੂਸ ਹੁੰਦਾ ਏ । ਦਹਿਸ਼ਤਗਰਦੀ ਅਤੇ ਹਮਲੇ ਖਿਲਾਫ ਭਾਰਤ ਦੇ ਦ੍ਰਿੜ ਇਰਾਦੇ ਨੂੰ ਦੁਹਰਾਉਂਦੇ ਹੋਏ, ਉਨ੍ਹਾਂ ਕਿਹਾ ਕਿ ਦੇਸ਼ ਸ਼ਾਂਤੀ ਚਾਹੁੰਦਾ ਏ ਪਰ ਆਪਣੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਲਈ ਕਿਸੇ ਵੀ ਖ਼ਤਰੇ ਦਾ ਹਮੇਸ਼ਾ ਫੈਸਲਾਕੁੰਨ ਜਵਾਬ ਦੇਵੇਗਾ। ਉਨ੍ਹਾਂ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ ਦੀ ਹਿੰਮਤ ਅਤੇ ਅਨੁਸ਼ਾਸਨ ਤੋਂ ਪ੍ਰੇਰਨਾ ਲੈਣ ਅਤੇ ਰਾਸ਼ਟਰੀ ਏਕਤਾ, ਅਖੰਡਤਾ ਅਤੇ ਨਿਰਸਵਾਰਥ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਨ ਦੀ ਅਪੀਲ ਕੀਤੀ। ਸਾਬਕਾ ਸੈਨਾ ਮੁਖੀ ਜਨਰਲ ਵੇਦ ਪ੍ਰਕਾਸ਼ ਮਲਿਕ, ਜਿਨ੍ਹਾਂ ਦੀ ਅਗਵਾਈ ਹੇਠ ਕਾਰਗਿਲ ਜੰਗ ਲੜੀ ਗਈ ਅਤੇ ਜਿੱਤੀ ਗਈ, ਵਿਸ਼ੇਸ਼ ਮਹਿਮਾਨ ਸਨ। ਕਾਰਗਿਲ ਜੰਗ ਦੇ ਨਾਇਕ, ਪਰਮ ਵੀਰ ਚੱਕਰ ਪੁਰਸਕਾਰ ਨਾਲ ਸਨਮਾਨਿਤ ਸੇਵਾਮੁਕਤ ਕੈਪਟਨ ਯੋਗੇਂਦਰ ਸਿੰਘ ਯਾਦਵ, ਮਰਨ ਉਪਰੰਤ ਪਰਮ ਵੀਰ ਚੱਕਰ ਪੁਰਸਕਾਰ ਨਾਲ ਸਨਮਾਨਿਤ ਕੈਪਟਨ

ਵਿਕਰਮ ਬੱਤਰਾ, ਸੇਵਾਮੁਕਤ ਲੈਫਟੀਨੈਂਟ ਜਨਰਲ ਵਾਈ. ਕੇ. ਜੋਸ਼ੀ ਦੇ ਪਰਿਵਾਰਾਂ , ਕਈ ਵੀਰ ਨਾਰੀਆਂ ਅਤੇ ਸੀਨੀਅਰ ਫੌਜੀ ਸਾਬਕਾ ਸੈਨਿਕਾਂ ਨੂੰ ਰਾਸ਼ਟਰ ਪ੍ਰਤੀ ਉਨ੍ਹਾਂ ਦੀ ਸ਼ਾਨਦਾਰ ਸੇਵਾ ਲਈ ਸਨਮਾਨਿਤ ਕੀਤਾ ਗਿਆ। ਕਾਰਗਿਲ ਜੰਗ 'ਤੇ ਇੱਕ ਦਸਤਾਵੇਜ਼ੀ ਅਤੇ ਵੀਡੀਓ ਕਲਿੱਪ ਵੀ ਦਿਖਾਈ ਗਈ ਅਤੇ ਸੇਵਾਮੁਕਤ ਕਰਨਲ ਜਸਵਿੰਦਰ ਸਿੰਘ ਨੇ ਦੇਸ਼ ਭਗਤੀ ਸੰਗੀਤਕ ਸ਼ਰਧਾਂਜਲੀ ਭੇਟ ਕੀਤੀ । ਕਾਰਗਿਲ ਦਿਵਸ ਹਰ ਸਾਲ 26 ਜੁਲਾਈ ਨੂੰ ਮਨਾਇਆ ਜਾ ਰਿਹਾ ਏ ।

------------------------------------------------------------------------

ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ -SIR-2026 ਦੇ ਚੱਲ ਰਹੇ ਘਰ-ਘਰ ਗਣਨਾ ਗੇੜ ਦੌਰਾਨ ਨਿਰਧਾਰਤ ਸਮੇਂ ਤੋਂ ਪਹਿਲਾਂ ਗਣਨਾ ਫਾਰਮਾਂ ਦੀ 100 ਫ਼ੀਸਦ ਡਿਜੀਟਾਈਜ਼ੇਸ਼ਨ ਦਾ ਟੀਚਾ ਹਾਸਲ ਕਰਨ ਲਈ ਜ਼ਿਲ੍ਹਾ ਸੰਗਰੂਰ ਦੇ ਦਿੜ੍ਹਬਾ ਅਤੇ ਜ਼ਿਲ੍ਹਾ ਮੋਗਾ ਦੇ ਨਿਹਾਲ ਸਿੰਘ ਵਾਲਾ ਵਿਧਾਨ ਸਭਾ ਹਲਕਿਆਂ ਦੀ ਚੋਣ ਅਮਲੇ ਨੂੰ ਵਧਾਈ ਦਿੱਤੀ ਏ । ਜ਼ਿਲ੍ਹਾ ਚੋਣ ਅਧਿਕਾਰੀਆਂ , ਈ.ਆਰ.ਓਜ਼, ਏ.ਈ.ਆਰ.ਓਜ਼ ਅਤੇ ਬੀ.ਐਲ.ਓਜ਼ ਦੇ ਸਾਂਝੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਸ੍ਰੀਮਤੀ ਮਿਤਰਾ ਨੇ ਕਿਹਾ ਕਿ ਇਹ ਅਹਿਮ ਉਪਲਬਧੀ ਉਨ੍ਹਾਂ ਦੀ ਲਗਨ ਅਤੇ ਮਿਸ਼ਨ ਮੋਡ ਵਿੱਚ ਉਨ੍ਹਾਂ ਦੀ ਕਾਰਜ ਕੁਸ਼ਲਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਭਰੋਸਾ

ਪ੍ਰਗਟਾਇਆ ਕਿ ਸਾਰੇ ਜ਼ਿਲ੍ਹੇ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਡਿਜੀਟਾਈਜ਼ੇਸ਼ਨ ਦਾ ਕੰਮ ਮੁਕੰਮਲ ਕਰ ਲੈਣਗੇ। ਮੁੱਖ ਚੋਣ ਅਫ਼ਸਰ ਨੇ ਪੰਜਾਬ ਦੇ ਉਨ੍ਹਾਂ ਵੋਟਰਾਂ ਨੂੰ ਵੀ ਅਪੀਲ ਕੀਤੀ, ਜਿਨ੍ਹਾਂ ਨੇ ਅਜੇ ਤੱਕ ਆਪਣੇ ਗਣਨਾ ਫਾਰਮ ਆਪਣੇ ਬੂਥ ਲੈਵਲ ਅਫ਼ਸਰਾਂ ਕੋਲ ਜਮ੍ਹਾਂ ਨਹੀਂ ਕਰਵਾਏ ਹਨ, ਉਹ ਜਲਦ ਤੋਂ ਜਲਦ ਇਹ ਫਾਰਮ ਜਮ੍ਹਾਂ ਕਰਵਾਉਣ ਤਾਂ ਜੋ ਖਰੜਾ ਵੋਟਰ ਸੂਚੀਆਂ ਵਿੱਚ ਉਨ੍ਹਾਂ ਦਾ ਨਾਮ ਸ਼ਾਮਲ ਕੀਤਾ ਜਾਣਾ ਯਕੀਨੀ ਬਣਾਇਆ ਜਾ ਸਕੇ।

-----------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਬੀਤੀ 17 ਜੁਲਾਈ ਨੂੰ ਆਪਣੇ ਜਲੰਧਰ ਦੌਰੇ ਦੌਰਾਨ ਸ਼ੁਰੂ ਕੀਤੀ ਗਈ ਅੰਮ੍ਰਿਤਸਰ ਛੇਹਰਟਾ-ਵਾਰਾਣਸੀ-ਛਹਿਰਟਾ 'ਸੀਰ ਗੋਵਰਧਨਪੁਰ ਵਾਰਾਣਸੀ ਐਕਸਪ੍ਰੈਸ' ਰੇਲਗੱਡੀ ਨੇ ਕੱਲ੍ਹ ਤੋਂ ਹਫ਼ਤੇ ਵਿੱਚ ਤਿੰਨ ਵਾਰ ਆਪਣੀ ਨਿਯਮਤ ਸੇਵਾ ਸ਼ੁਰੂ ਕਰ ਦਿੱਤੀ ਏ । ਵਾਰਾਣਸੀ ਵਿੱਚ ਸੀਰ ਗੋਵਰਧਨਪੁਰ ਗੁਰੂ ਰਵਿਦਾਸ ਜੀ ਦਾ ਜਨਮ ਸਥਾਨ ਏ । ਪੰਜਾਬ ਨੂੰ ਉੱਤਰ ਪ੍ਰਦੇਸ਼ ਅਤੇ ਭਾਰਤ ਦੇ ਦੋ ਸਭ ਤੋਂ ਸਤਿਕਾਰਤ ਅਧਿਆਤਮਿਕ ਅਤੇ ਸੱਭਿਆਚਾਰਕ ਕੇਂਦਰਾਂ, ਅੰਮ੍ਰਿਤਸਰ ਅਤੇ ਵਾਰਾਣਸੀ ਨਾਲ ਸਿੱਧਾ ਜੋੜਨ ਵਾਲੀ ਇਹ ਰੇਲਗੱਡੀ ਹਰ ਬੁੱਧਵਾਰ, ਸ਼ੁੱਕਰਵਾਰ ਅਤੇ ਐਤਵਾਰ ਨੂੰ ਦੁਪਹਿਰ 2 ਵਜਕੇ 5 ਮਿੰਟ 'ਤੇ ਛੇਹਰਟਾ ਤੋਂ ਆਪਣੀ ਯਾਤਰਾ ਸ਼ੁਰੂ ਕਰੇਗੀ ਅਤੇ 22

ਘੰਟੇ ਦੀ ਯਾਤਰਾ ਪੂਰੀ ਕਰਨ ਤੋਂ ਬਾਅਦ ਵਾਰਾਣਸੀ ਪਹੁੰਚੇਗੀ। ਵਾਰਾਣਸੀ ਤੋਂ ਹਰ ਵੀਰਵਾਰ, ਸ਼ਨੀਵਾਰ ਅਤੇ ਸੋਮਵਾਰ ਨੂੰ ਵਾਪਸੀ ਯਾਤਰਾ 'ਤੇ, ਇਹ ਰੇਲਗੱਡੀ ਸ਼ਾਮ 7 ਵੱਜਕੇ 50 ਮਿੰਟ 'ਤੇ ਸ਼ੁਰੂ ਹੋਵੇਗੀ ਅਤੇ 21 ਘੰਟੇ ਦੀ ਯਾਤਰਾ ਦੇ ਸਮੇਂ ਤੋਂ ਬਾਅਦ ਸ਼ਾਮ 5 ਵੱਜਕੇ 10 ਮਿੰਟ 'ਤੇ ਛੇਹਰਟਾ ਪਹੁੰਚੇਗੀ। ਇਸ ਰੇਲਗੱਡੀ ਵਿੱਚ ਕੁੱਲ 10 ਡੱਬੇ ਨੇ ਜਿਨ੍ਹਾਂ ਵਿੱਚ 6 ਜਨਰਲ ਸੈਕਿੰਡ ਕਲਾਸ, 7 ਸਲੀਪਰ ਕਲਾਸ, 2 ਏਸੀ 3-ਟੀਅਰ ਅਤੇ 1 ਏਸੀ 2-ਟੀਅਰ ਡੱਬੇ ਸ਼ਾਮਲ ਨੇ । ਇਸ ਨਵੀਂ ਰੇਲਗੱਡੀ ਦੇ ਚੱਲਣ ਨਾਲ, ਪੰਜਾਬ ਅਤੇ ਉੱਤਰ ਪ੍ਰਦੇਸ਼, ਖਾਸ ਕਰਕੇ ਵਾਰਾਣਸੀ ਵਿਚਕਾਰ ਯਾਤਰਾ ਕਰਨ ਵਾਲੇ ਸ਼ਰਧਾਲੂਆਂ, ਵਿਦਿਆਰਥੀਆਂ, ਕਾਰੋਬਾਰੀਆਂ ਅਤੇ ਹੋਰ ਮੁਸਾਫ਼ਰਾਂ ਲਈ ਸੁਵਿਧਾਜਨਕ, ਸੁਰੱਖਿਅਤ ਅਤੇ ਆਰਾਮਦਾਇਕ ਰੇਲ ਸੇਵਾ ਉਪਲਬਧ ਹੋਵੇਗੀ।

---

ਫਿਰੋਜ਼ਪੁਰ ਰੇਲਵੇ ਡਿਵੀਜ਼ਨ ਨੇ ਮਾਲ ਢੋਆ-ਢੁਆਈ ਵਿੱਚ ਇੱਕ ਹੋਰ ਮਹੱਤਵਪੂਰਨ ਉਪਲਬਧੀ ਪ੍ਰਾਪਤ ਕਰਦਿਆਂ ਪਹਿਲੀ ਵਾਰ ਅੰਮ੍ਰਿਤਸਰ ਰੇਲਵੇ ਸਟੇਸ਼ਨ ਤੋਂ ਸੇਬ ਅਤੇ ਲੁਧਿਆਣਾ ਰੇਲਵੇ ਸਟੇਸ਼ਨ ਤੋਂ ਅੰਬ ਲੋਡ ਕੀਤੇ ਗਏ ਨੇ । ਡਿਵੀਜ਼ਨ ਦੇ ਨਿਰੰਤਰ ਉਪਰਾਲਿਆਂ ਅਤੇ ਵਪਾਰੀਆਂ ਨਾਲ ਬਿਹਤਰ ਤਾਲਮੇਲ ਨੇ ਜ਼ਲਦ ਖਰਾਬ ਹੋਣ ਵਾਲੇ ਇਨਾ ਫਲਾਂ ਦੀ ਰੇਲ ਆਵਾਜਾਈ ਨੂੰ ਕਾਫ਼ੀ ਉਤਸ਼ਾਹਿਤ ਕੀਤਾ ਏ । ਸੀਨੀਅਰ

ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ 19 ਜੁਲਾਈ ਨੂੰ ਜੰਮੂ ਕਸ਼ਮੀਰ ਤੋਂ ਸੇਬਾਂ ਦੇ 97 ਡੱਬੇ ਅੰਮ੍ਰਿਤਸਰ ਤੋਂ ਕਟਿਹਾਰ ਭੇਜੇ ਗਏ ਸਨ, ਜਦੋਂ ਕਿ 18 ਜੁਲਾਈ ਨੂੰ, ਸਹਾਰਨਪੁਰ ਤੋਂ ਅੰਬਾਂ ਦੇ 101 ਡੱਬੇ ਲੁਧਿਆਣਾ ਤੋਂ ਹਾਵੜਾ ਭੇਜੇ ਗਏ ਸਨ। ਇਹ ਡਿਵੀਜ਼ਨ ਦੇ ਇਤਿਹਾਸ ਵਿੱਚ ਪਹਿਲੀ ਵਾਰ ਏ ਕਿ ਇਹਨਾਂ ਜ਼ਲਦ ਖਰਾਬ ਹੋਣ ਵਾਲੇ ਇਨਾ ਫਲਾਂ ਦੀ ਇਹਨਾਂ ਦੋਵਾਂ ਸਟੇਸ਼ਨਾਂ ਤੋਂ ਰੇਲ ਰਾਹੀਂ ਆਊਟਵਰਡ ਲੋਡਿੰਗ ਕੀਤੀ ਗਈ ਏ । ਰੇਲ ਰਾਹੀਂ ਇਹਨਾਂ ਫਲਾਂ ਦੀ ਤੇਜ਼, ਸੁਰੱਖਿਅਤ ਅਤੇ ਕਿਫ਼ਾਇਤੀ ਆਵਾਜਾਈ ਨੂੰ ਯਕੀਨੀ ਬਣਾਉਣ ਨਾਲ ਉਹਨਾਂ ਦੀ ਗੁਣਵੱਤਾ ਬਰਕਰਾਰ ਰਹਿੰਦੀ ਏ ਅਤੇ ਵਪਾਰੀਆਂ ਅਤੇ ਕਿਸਾਨਾਂ ਨੂੰ ਲਾਭ ਹੁੰਦਾ ਏ ।

---

ਇੱਕ ਵਿਸ਼ੇਸ਼ ਜਾਂਚ ਟੀਮ-SIT ਨੇ ਅੱਜ ਚੰਡੀਗੜ੍ਹ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੋਂ 2015 ਦੇ ਬਹਿਬਲ ਕਲਾਂ ਅਤੇ ਕੋਟਕਪੂਰਾ ਬੇਅਦਬੀ ਨਾਲ ਸਬੰਧਤ ਗੋਲੀਬਾਰੀ ਮਾਮਲਿਆਂ ਦੇ ਸਬੰਧ ਵਿੱਚ ਪੁੱਛਗਿੱਛ ਕੀਤੀ। ਉਨ੍ਹਾਂ ਨੂੰ ਬੇਅਦਬੀ ਮਾਮਲਿਆਂ ਨਾਲ ਜੁੜੀਆਂ ਗੋਲੀਬਾਰੀ ਘਟਨਾਵਾਂ ਦੀ ਜਾਂਚ ਕਰ ਰਹੀ SIT ਨੇ ਤਲਬ ਕੀਤਾ ਸੀ। ਸ੍ਰੀ ਬਾਦਲ ਨੇ ਪੁੱਛਗਿੱਛ ਦੇ ਵੇਰਵੇ ਦੇਣ ਤੋਂ ਇਨਕਾਰ ਕਰਦੇ ਹੋਏ ਕਿਹਾ ਕਿ ਇਹ ਚੌਥੀ ਵਾਰ ਏ ਜਦੋਂ ਉਨ੍ਹਾਂ ਨੂੰ SIT ਨੇ ਤਲਬ ਕੀਤਾ

ਏ ਅਤੇ ਜਦੋਂ ਵੀ ਬੁਲਾਇਆ ਜਾਂਦਾ ਏ ਉਹ ਜਾਂਚ ਵਿੱਚ ਸ਼ਾਮਲ ਹੁੰਦੇ ਨੇ।

-----------------------------------------------------------------------

ਪੰਜਾਬ - ਵੱਡੇ ਪੱਧਰ 'ਤੇ ਧੋਖਾਧੜੀ ਦਾ ਮਾਮਲਾ: ਪੰਜਾਬ ਵਿੱਚ, ਕੱਲ੍ਹ ਹੋਈ ਫਾਰਮਾਸਿਸਟ ਅਫਸਰ ਭਰਤੀ ਪ੍ਰੀਖਿਆ ਦੌਰਾਨ ਇੱਕ ਵੱਡੇ ਹਾਈ-ਟੈਕ ਅੰਤਰ-ਰਾਜੀ ਧੋਖਾਧੜੀ ਦੇ ਘੁਟਾਲੇ ਦਾ ਪਰਦਾਫਾਸ਼ ਹੋਇਆ ਏ। ਪੰਜਾਬ ਪੁਲਿਸ ਅਤੇ ਇਸਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਤਿੰਨ ਜ਼ਿਲ੍ਹਿਆਂ - ਫਰੀਦਕੋਟ, ਕੋਟਕਪੂਰਾ ਅਤੇ ਫਿਰੋਜ਼ਪੁਰ - ਦੇ 25 ਪ੍ਰੀਖਿਆ ਕੇਂਦਰਾਂ 'ਤੇ ਤੇਜ਼ੀ ਨਾਲ ਤਾਲਮੇਲ ਵਾਲੀ ਕਾਰਵਾਈ ਕਰਦੇ ਹੋਏ ਸੰਗਠਿਤ ਧੋਖਾਧੜੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ। ਸੱਤ ਮੁੱਖ ਸਾਜ਼ਿਸ਼ਕਾਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ਅਤੇ ਸਿੱਧੇ ਤੌਰ 'ਤੇ ਧੋਖਾਧੜੀ ਵਿੱਚ ਸ਼ਾਮਲ 28 ਉਮੀਦਵਾਰਾਂ ਨੂੰ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ ਏ। ਪੁਲਿਸ ਸੂਤਰਾਂ ਦੇ ਹਵਾਲੇ ਨਾਲ, ਜਲੰਧਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਪੁਲਿਸ ਨੇ ਧੋਖਾਧੜੀ ਲਈ ਵਰਤੇ ਗਏ ਪੈੱਨ-ਕੈਮਰਿਆਂ ਦੇ ਨਾਲ-ਨਾਲ 27 ਬੈਟਰੀ-ਸੰਚਾਲਿਤ ਵਾਇਰਲੈੱਸ ਧੋਖਾਧੜੀ ਯੰਤਰ ਵੀ ਬਰਾਮਦ ਕੀਤੇ ਨੇ। ਇਹ ਉਲੰਘਣਾ, ਪ੍ਰੀਖਿਆ ਸ਼ੁਰੂ ਹੋਣ ਤੋਂ ਬਾਅਦ ਪੂਰੀ ਤਰ੍ਹਾਂ ਅਸਲ ਸਮੇਂ ਵਿੱਚ ਹੋਈ ਏ I ਜਾਂਚ ਕਰਨ ਵਾਲਿਆਂ ਨੇ ਸਪੱਸ਼ਟ ਕੀਤਾ ਕਿ ਪ੍ਰਸ਼ਨ ਪੱਤਰ ਪਹਿਲਾਂ ਤੋਂ ਲੀਕ ਨਹੀਂ ਹੋਇਆ ਸੀ ਅਤੇ ਹੁਣ ਤੱਕ ਕਿਸੇ ਵੀ ਅਧਿਕਾਰਤ ਅਧਿਕਾਰੀ

ਦੀ ਸ਼ਮੂਲੀਅਤ ਨਹੀਂ ਮਿਲੀ ਏ । ਹਾਲਾਂਕਿ, ਮੁੱਢਲੀ ਜਾਂਚ ਤੋਂ ਪਤਾ ਚੱਲਦਾ ਏ ਕਿ ਇਸ ਸਾਰੀ ਕਾਰਵਾਈ ਦਾ ਮਾਸਟਰ-ਮਾਈਂਡ, ਫਾਜ਼ਿਲਕਾ ਦੇ ਸੰਤ ਕਬੀਰ ਪੌਲੀਟੈਕਨਿਕ ਕਾਲਜ ਦਾ ਇੱਕ ਕਰਮਚਾਰੀ ਗੁਰਮੀਤ ਸਿੰਘ ਏ । ਇਹ 7 ਮੁੱਖ ਸਾਜ਼ਿਸ਼ਕਾਰ ਪੈੱਨ-ਕੈਮਰਾ ਸਕੈਨਰ ਰਾਹੀਂ ਵਟਸਐਪ 'ਤੇ ਪ੍ਰਸ਼ਨ ਪੱਤਰ ਪ੍ਰਾਪਤ ਕਰਨ ਤੋਂ ਤੁਰੰਤ ਬਾਅਦ ਪੰਜਾਬ, ਹਰਿਆਣਾ ਅਤੇ ਰਾਜਸਥਾਨ ਤੋਂ ਕੰਮ ਕਰਨ ਲਗੇ ਅਤੇ ਇਨ੍ਹਾਂ ਨੇ ਲੱਖਾਂ ਰੁਪਏ ਵਿੱਚ ਅਦਾਇਗੀ ਕਰਨ ਵਾਲੇ ਵਿਦਿਆਰਥੀਆਂ ਨੂੰ ਸਵਾਲਾਂ ਦੇ ਜਵਾਬ ਭੇਜਣੇ ਸ਼ੁਰੂ ਕਰ ਦਿੱਤੇ।

---------------------------------------------------------------------------

ਪੰਜਾਬ ਅਤੇ ਹਰਿਆਣਾ ਦੇ ਕਈ ਹਿੱਸਿਆਂ ਵਿੱਚ ਅੱਜ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਹੋਈ , ਜਿਸ ਨਾਲ ਗਰਮੀ ਅਤੇ ਹੁੰਮਸ ਭਰੇ ਮੌਸਮ ਤੋਂ ਰਾਹਤ ਮਿਲੀ ਏ । ਮੌਸਮ ਵਿਭਾਗ ਨੇ ਦੋਵਾਂ ਸੂਬਿਆਂ ਵਿੱਚ, ਮੌਜੂਦਾ ਮੌਸਮ ਦੀ ਸਥਿਤੀ ਬਾਰੇ ਓਰੇਂਜ ਅਲਰਟ ਜਾਰੀ ਕੀਤਾ ਸੀ । ਪੰਜਾਬ ਦੇ ਸਭ ਤੋਂ ਵੱਧ ਪ੍ਰਭਾਵਿਤ ਜ਼ਿਲ੍ਹੇ ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ, ਮੋਹਾਲੀ ਅਤੇ ਆਨੰਦਪੁਰ ਸਾਹਿਬ ਨੇ । ਜਲੰਧਰ, ਅੰਮ੍ਰਿਤਸਰ ਅਤੇ ਹੋਰ ਜ਼ਿਲ੍ਹਿਆਂ ਦੇ ਕੁਝ ਹਿੱਸਿਆਂ ਵਿੱਚ ਵੀ ਦਰਮਿਆਨੀ ਬਾਰਿਸ਼ ਹੋਈ । ਮੋਹਾਲੀ ਸਮੇਤ ਕੁਝ ਜ਼ਿਲ੍ਹਿਆਂ ਵਿੱਚ

ਪਾਣੀ ਭਰ ਜਾਣ ਨਾਲ ਮੁਸਾਫ਼ਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ । ਓਧਰ ਹਰਿਆਣਾ ਵਿੱਚ, ਕਾਲਕਾ, ਪੰਚਕੂਲਾ, ਅੰਬਾਲਾ ਅਤੇ ਜਗਾਧਰੀ ਵਿੱਚ ਭਾਰੀ ਬਾਰਿਸ਼ ਹੋਈ ।

---

- ਸੰਸਦ ਦੇ ਮਾਨਸੂਨ ਇਜਲਾਸ ਦੇ ਪਹਿਲੇ ਦਿਨ, NEET ਪ੍ਰੀਖਿਆ ਪੇਪਰ ਲੀਕ ਨੂੰ ਲੈ ਕੇ ਵਿਰੋਧੀ ਧਿਰ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਦੋਵਾਂ ਸਦਨਾਂ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕੀਤੀ ਗਈ ।
- ਚੰਡੀਗੜ੍ਹ ਸਿਟੀਜ਼ਨਜ਼ ਫਾਊਂਡੇਸ਼ਨ ਵਲੋਂ ਇੱਕ ਹਫ਼ਤਾ ਭਰ ਚੱਲਣ ਵਾਲੇ ਕਾਰਗਿਲ ਵਿਜੇ ਦਿਵਸ ਸਮਾਰੋਹ ਦੀ ਸ਼ੁਰੂਆਤ- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨੌਜਵਾਨਾਂ ਨੂੰ, ਹਥਿਆਰਬੰਦ ਸੈਨਾਵਾਂ ਦੀ ਹਿੰਮਤ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਬੀਤੀ ਦੀਨੇ ਸ਼ੁਰੂ ਕੀਤੀ ਗਈ, ਅੰਮ੍ਰਿਤਸਰ-ਵਾਰਾਣਸੀ ਐਕਸਪ੍ਰੈਸ ਰੇਲਗੱਡੀ ਨੇ ਕੱਲ੍ਹ ਤੋਂ ਹਫ਼ਤੇ ਵਿੱਚ ਤਿੰਨ ਵਾਰ ਆਪਣੀ ਨਿਯਮਤ ਸੇਵਾ ਸ਼ੁਰੂ ਕੀਤੀ ।

- ਪੰਜਾਬ ਪੁਲਿਸ ਵਲੋਂ ਸੂਬੇ 'ਚ ਹੋਈ ਫਾਰਮਾਸਿਸਟ ਅਫਸਰ ਭਰਤੀ ਪ੍ਰੀਖਿਆ ਦੌਰਾਨ ਇੱਕ ਵੱਡੇ ਹਾਈ-ਟੈਕ ਅੰਤਰ-ਰਾਜੀ ਧੋਖਾਧੜੀ ਦੇ ਘੁਟਾਲੇ ਦਾ ਪਰਦਾਫਾਸ਼- 7 ਮੁੱਖ ਸਾਜ਼ਿਸ਼ਕਾਰਾਂ ਅਤੇ 28 ਉਮੀਦਵਾਰਾਂ ਨੂੰ ਕੀਤਾ ਗ੍ਰਿਫ਼ਤਾਰ I
- ਮੌਸਮ ਵਿਭਾਗ ਨੇ ਪੰਜਾਬ ਤੇ ਹਰਿਆਣਾ ਵਿੱਚ ਭਾਰੀ ਮੀਂਹ ਪੈਣ ਬਾਰੇ ਓਰੇਂਜ ਅਲਰਟ ਜਾਰੀ ਕੀਤਾ- ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ, ਮੋਹਾਲੀ ਅਤੇ ਆਨੰਦਪੁਰ ਸਾਹਿਬ ਸਭ ਤੋਂ ਵੱਧ ਪ੍ਰਭਾਵਿਤ ਹੋਏ I

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30 ਨਮਸਕਾਰ**